# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 08-09-2025**

**<u>ਪਹਿਲਾਂ ਬੁਲੇਟਿਨ ਦੀਆਂ ਖਾਸ ਖਬਰਾਂ</u>**

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਦੇਸ਼ ਵਾਸੀਆਂ ਨੂੰ, ਭਾਰਤ ਨੂੰ ਗਿਆਨ ਅਤੇ ਵਪਾਰ ਦਾ ਇੱਕ ਵੱਡਾ ਕੇਂਦਰ ਬਣਾਉਣ ਦਾ ਸੱਦਾ ਦਿੱਤਾ।
- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਕੱਲ੍ਹ ਹੜ੍ਹ ਪ੍ਰਭਾਵਿਤ ਪੰਜਾਬ ਦਾ ਦੌਰਾ ਕਰਕੇ, ਮੌਜੂਦਾ ਸਥਿਤੀ ਦਾ ਜਾਇਜ਼ਾ ਲੈਣਗੇ- ਹੜ ਪ੍ਰਭਾਵਿਤ ਇਲਾਕਿਆਂ ਵਿਚ ਰਾਹਤ ਤੇ ਬਚਾਅ ਕਾਰਜ ਜੰਗੀਂ ਪੱਧਰ 'ਤੇ ਜਾਰੀ।
- ਪੰਜਾਬ ਮੰਤਰੀ ਮੰਡਲ ਨੇ ਹੜ੍ਹ ਪ੍ਰਭਾਵਿਤ ਕਿਸਾਨਾਂ ਲਈ, ਕਈ ਅਹਿਮ ਫੈਸਲਿਆਂ ਨੂੰ ਦਿੱਤੀ ਮੰਜ਼ੂਰੀ ।
- BJP ਦੇ ਸੂਬਾ ਪ੍ਰਧਾਨ ਸੁਨੀਲ ਜਾਖੜ ਨੇ ਕਿਹਾ-ਜੇਕਰ ਭਗਵੰਤ ਮਾਨ ਸਰਕਾਰ ਨੇ, ਸੂਬੇ ਵਿਚ ਪ੍ਰਧਾਨ ਮੰਤਰੀ ਫਸਲ ਬੀਮਾ

ਯੋਜਨਾ ਲਾਗੂ ਕੀਤੀ ਹੁੰਦੀ ਤਾਂ ਹੜ੍ਹ ਪ੍ਰਭਾਵਿਤ ਕਿਸਾਨਾਂ ਨੂੰ ਇਸਦਾ ਲਾਭ ਤੁਰੰਤ ਮਿਲ ਜਾਂਦਾ ।

- ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ 5 ਨਸ਼ਾ ਤਸਕਰਾਂ ਨੂੰ 8 ਕਿਲੋ ਤੋਂ ਵੱਧ ਹੈਰੋਇਨ ਸਮੇਤ ਕੀਤਾ ਗ੍ਰਿਫਤਾਰ ।

## ਹੁਣ ਖਬਰਾਂ ਵਿਸਥਾਰ ਨਾਲ

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਦੇਸ਼ ਵਾਸੀਆਂ ਨੂੰ, ਭਾਰਤ ਨੂੰ ਗਿਆਨ ਅਤੇ ਵਪਾਰ ਦਾ ਇੱਕ ਵੱਡਾ ਕੇਂਦਰ ਬਣਾਉਣ ਦਾ ਸੱਦਾ ਦਿੱਤਾ ਏ । ਰਾਸ਼ਟਰਪਤੀ ਨੇ ਇਹ ਗੱਲ ਅੱਜ ਨਵੀਂ ਦਿੱਲੀ ਵਿੱਚ ਇੰਜੀਨੀਅਰਿੰਗ ਬਰਾਮਦ ਤੱਰਕੀ ਕੌਂਸਲ ਦੇ ਪਲੈਟੀਨਮ ਜੁਬਲੀ ਸਮਾਰੋਹ ਨੂੰ ਸੰਬੋਧਨ ਕਰਦਿਆਂ ਕਹੀ । ਰਾਸ਼ਟਰਪਤੀ ਮੁਰਮੂ ਨੇ ਕਿਹਾ ਕਿ ਭਾਰਤੀ ਅਰਥ-ਵਿਵਸਥਾ ਨੂੰ ਹੋਰ ਆਤਮ-ਨਿਰਭਰ ਬਣਾਉਣ ਅਤੇ ਬਰਾਮਦ ਵਿੱਚ ਉੱਤਮ ਬਣਾਉਣ ਦੀ ਲੋੜ ਏ ।

BYTE

ਰਾਸ਼ਟਰਪਤੀ ਨੇ ਕਿਹਾ ਕਿ ਵਿਸ਼ਵ ਵਪਾਰ ਪ੍ਰਣਾਲੀ ਅਤੇ ਅੰਤਰ-ਰਾਸ਼ਟਰੀ ਆਰਥਿਕ ਪ੍ਰਣਾਲੀ ਵਿੱਚ ਹੋ ਰਹੀਆਂ ਤਬਦੀਲੀਆਂ ਕਾਰਨ

EEPC ਦੀ ਭੂਮਿਕਾ ਹੋਰ ਵੀ ਮਹੱਤਵਪੂਰਨ ਹੋ ਗਈ ਏ। ਰਾਸ਼ਟਰਪਤੀ ਨੇ ਕਿਹਾ ਕਿ ਕੌਂਸਲ  ਅੰਤਰਰਾਸ਼ਟਰੀ ਬਾਜ਼ਾਰ ਅਤੇ ਭਾਰਤੀ ਉਤਪਾਦਕਾਂ ਵਿਚਕਾਰ ਇੱਕ ਪੁਲ ਦਾ ਕੰਮ ਕਰਦਾ ਏ। ਉਨ੍ਹਾਂ ਨੇ EEPC ਦੇ ਸਾਰੇ ਹਿੱਸੇਦਾਰਾਂ ਨੂੰ ਦੇਸ਼ ਵਿੱਚ ਉਪਲਬਧ ਪ੍ਰਤਿਭਾ ਅਤੇ ਊਰਜਾ ਲਈ ਇੱਕ ਮੰਚ ਪ੍ਰਦਾਨ ਕਰਕੇ ਭਾਰਤ ਨੂੰ ਇੱਕ ਮੋਹਰੀ ਅਰਥ-ਵਿਵਸਥਾ ਬਣਾਉਣ ਦੀ ਅਪੀਲ ਕੀਤੀ।

---------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਕੱਲ੍ਹ ਹੜ੍ਹ ਪ੍ਰਭਾਵਿਤ ਪੰਜਾਬ ਦਾ ਦੌਰਾ ਕਰਕੇ ਮੌਜੂਦਾ ਸਥਿਤੀ ਦਾ ਜਾਇਜ਼ਾ ਲੈਣਗੇ। ਉਨ੍ਹਾਂ ਵੱਲੋਂ ਇੱਕ ਸਮੀਖਿਆ ਮੀਟਿੰਗ ਕਰਨ ਦੀ ਵੀ ਸੰਭਾਵਨਾ ਏ। ਪੰਜਾਬ ਸਰਕਾਰ ਨੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੂੰ ਆਪਣੀ ਫੇਰੀ ਦੌਰਾਨ, ਹੜ੍ਹ ਪ੍ਰਭਾਵਿਤ ਸੂਬੇ ਲਈ 20 ਹਜ਼ਾਰ ਕਰੋੜ ਰੁਪਏ ਦੇ ਰਾਹਤ ਪੈਕੇਜ ਦਾ ਐਲਾਨ ਕਰਨ ਦੀ ਅਪੀਲ ਕੀਤੀ ਏ ।ਇਸ ਦੌਰਾਨ, ਰੇਲਵੇ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਕਿਹਾ ਕਿ ਪੰਜਾਬ ਸਰਕਾਰ ਮੁਆਵਜ਼ੇ ਲਈ, ਨੁਕਸਾਨ ਦਾ

ਮੁਲਾਂਕਣ ਕਰ ਰਹੀ ਏ ਅਤੇ ਕੇਂਦਰ ਸਰਕਾਰ ਦੀਆਂ ਟੀਮਾਂ ਵੀ ਜਾਇਜ਼ਾ ਲੈ ਰਹੀਆਂ ਨੇ।

BYTE

ਇਸ ਦੌਰਾਨ, ਸੂਬੇ ਵਿੱਚ ਸਥਿਤੀ ਹੌਲੀ-ਹੌਲੀ ਕਾਬੂ ਵਿੱਚ ਆ ਰਹੀ ਏ। ਖੇਤਾਂ ਅਤੇ ਹੋਰ ਥਾਵਾਂ ਵਿੱਚ ਜਮ੍ਹਾਂ ਹੋਏ ਹੜ੍ਹ ਦੇ ਪਾਣੀ ਕਾਰਨ ਲੋਕ ਅਜੇ ਵੀ ਮੁਸ਼ਕਲਾਂ ਦਾ ਸਾਹਮਣਾ ਕਰ ਰਹੇ ਨੇ। ਭਾਖੜਾ ਅਤੇ ਪੌਂਗ ਡੈਮਾਂ ਤੋਂ ਨਿਯੰਤਰਿਤ ਢੰਗ ਨਾਲ ਛਡਿਆ ਜਾ ਰਿਹਾ ਪਾਣੀ ਸਮੱਸਿਆ ਨੂੰ ਕੁਝ ਹੱਦ ਤੱਕ ਵਧਾ ਰਿਹਾ ਏ ਪਰ ਹੁਣ ਛੱਡੇ ਜਾ ਰਹੇ ਪਾਣੀ ਦੀ ਮਾਤਰਾ ਘੱਟ ਗਈ ਏ। ਹਾਲਾਂਕਿ, ਮੌਸਮ ਵਿਭਾਗ ਵੱਲੋਂ ਆਉਣ ਵਾਲੇ ਦਿਨਾਂ ਵਿੱਚ ਭਾਰੀ ਮੀਂਹ ਨਾ ਪੈਣ ਦੀ ਭਵਿੱਖਬਾਣੀ ਕੀਤੇ ਜਾਣ ਤੋਂ ਬਾਅਦ ਲੋਕਾਂ ਨੇ ਰਾਹਤ ਦਾ ਸਾਹ ਲਿਆ ਏ। ਇਸ ਦੌਰਾਨ, ਮਰਨ ਵਾਲਿਆਂ ਦੀ ਗਿਣਤੀ 48 ਹੋ ਗਈ ਏ। ਸੂਬੇ ਭਰ ਦੇ 2 ਹਜ਼ਾਰ 50 ਪਿੰਡਾਂ ਤੋਂ, 3 ਲੱਖ 87 ਹਜ਼ਾਰ ਤੋਂ ਵੱਧ ਲੋਕ ਸਿੱਧੇ ਤੌਰ 'ਤੇ ਬੇਘਰ ਹੋ ਗਏ ਨੇ ਅਤੇ ਹਜ਼ਾਰਾਂ ਲੋਕਾਂ ਨੂੰ ਸੁਰੱਖਿਅਤ ਥਾਵਾਂ 'ਤੇ ਪਹੁੰਚਾਇਆ ਗਿਆ ਏ। ਸਥਾਨਕ ਲੋਕ, ਗੈਰ-ਸਰਕਾਰੀ ਸੰਗਠਨ ਅਤੇ ਭਾਰਤੀ ਫੌਜ, ਬੀ.ਐਸ.ਐਫ ਅਤੇ

ਐਨ.ਡੀਆਰ.ਐਫ ਦੀਆਂ ਮਾਹਰ ਟੀਮਾਂ, ਜੰਗੀ ਪੱਧਰ 'ਤੇ ਰਾਹਤ ਅਤੇ ਬਚਾਅ ਕਾਰਜ ਚਲਾ ਰਹੀਆਂ ਨੇ । ਇਸੇ ਦੌਰਾਨ ਮੌਜੂਦਾ ਸਥਿਤੀ ਦੇ ਅਨੁਸਾਰ ਸੂਬੇ ਦੇ ਸਾਰੇ ਵਿਦਿਅਕ ਅਦਾਰੇ ਕੱਲ੍ਹ ਤੋਂ ਵਿਦਿਆਰਥੀਆਂ ਲਈ ਖੁੱਲ੍ਹ ਰਹੇ ਨੇ। ਡਿਪਟੀ ਕਮਿਸ਼ਨਰ ਪਟਿਆਲਾ ਡਾ. ਪ੍ਰੀਤੀ ਯਾਦਵ ਵਲੋਂ ਜਾਰੀ ਹੁਕਮਾਂ ਮੁਤਾਬਕ ਹੜ੍ਹਾਂ ਕਰਕੇ ਪਟਿਆਲਾ ਜ਼ਿਲ੍ਹੇ ਦੇ 43 ਸਕੂਲ, ਅਧਿਆਪਕਾਂ ਤੇ ਵਿਦਿਆਰਥੀਆਂ ਲਈ 10 ਤਰੀਕ ਤੱਕ ਬੰਦ ਰਹਿਣਗੇ ਜਦਕਿ 6 ਸਕੂਲਾਂ ਨੂੰ ਸਿਰਫ ਵਿਦਿਆਰਥੀਆਂ ਲਈ ਹੀ ਬੰਦ ਕੀਤਾ ਗਿਆ ਏ। ਇਸ ਤੋਂ ਇਲਾਵਾ ਬਾਕੀ ਨਿਜੀ ਤੇ ਸਰਕਾਰੀ ਸਕੂਲ ਸਰਕਾਰ ਦੇ ਹੁਕਮਾਂ ਅਨੁਸਾਰ ਹੀ ਖੁੱਲ੍ਹਣਗੇ।

------------------------------------------------------------

ਓਧਰ ਪਟਿਆਲਾ ਦੇ ਐਸ.ਡੀ.ਐਮ ਹਰਜੋਤ ਕੌਰ ਮਾਵੀ ਤੇ ਡਰੇਨੇਜ ਵਿਭਾਗ ਦੇ ਅਧਿਕਾਰੀਆਂ ਨੇ ਹਾਂਸੀ-ਬੁਟਾਣਾ ਨਹਿਰ ਦਾ ਜਾਇਜ਼ਾ ਲਿਆ । ਉਨ੍ਹਾਂ ਕਿਹਾ ਕਿ ਹਾਂਸੀ ਬੁਟਾਣਾ ਨਹਿਰ ਘੱਗਰ ਤੇ ਸਹਾਇਕ ਨਦੀਆਂ ਦੇ ਕੁਦਰਤੀ ਵਹਾਅ ਨੂੰ ਲਾਈ ਡਾਫ਼ ਨੇ ਜ਼ਿਲ੍ਹੇ ਦੇ ਕਈ ਪਿੰਡਾਂ ਲਈ ਹੜ੍ਹਾਂ ਦਾ ਖ਼ਤਰਾ ਵਧਾਇਆ-ਪਿੰਡ ਸੱਸੀ ਬ੍ਰਾਹਮਣ, ਸੱਸੀ ਗੁੱਜਰਾਂ,

ਧਰਮੇੜੀ, ਹਾਸ਼ਮਪੁਰ ਮਾਂਗਟਾਂ, ਭਵਨਪੁਰ ਅਤੇ ਸੱਸੀ ਥੇਹ ਸਭ ਤੋਂ ਵੱਧ ਪ੍ਰਭਾਵਿਤ ਹੋਏ ਨੇ। ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਜ਼ਮੀਨੀ ਹਾਲਾਤ 'ਤੇ ਨੇੜਿਓਂ ਨਜ਼ਰ ਰੱਖੀ ਜਾ ਰਹੀ ਏ ।

---------------------------------------------------

ਪੰਜਾਬ ਮੰਤਰੀ ਮੰਡਲ ਨੇ ਅੱਜ ਇਕ ਮੀਟਿੰਗ ਕੀਤੀ, ਜਿਸ ਵਿੱਚ ਕਈ ਅਹਿਮ ਫ਼ੈਸਲੇ ਲਏ ਗਏ ਨੇ। ਮੁਖ ਮੰਤਰੀ ਭਗਵੰਤ ਸਿੰਘ ਮਾਨ ਨੇ ਹਸਪਤਾਲ ਵਿਚ ਸੂਬੇ ਦੇ ਮੁਖ ਸਕੱਤਰ ,ਪੰਜਾਬ ਪੁਲਿਸ ਮੁਖੀ ਅਤੇ ਹੋਰਨਾਂ ਅਧਿਕਾਰੀਆਂ ਨੂੰ ਬੁਲਾਕੇ ਇਸ ਬੈਠਕ ਦੀ ਪ੍ਰਧਾਨਗੀ ਕੀਤੀ । ਮੁਖ ਮੰਤਰੀ ਨੇ ਦੱਸਿਆ ਕਿ ਹੜ੍ਹਾਂ ਕਾਰਨ ਕਿਸਾਨਾਂ ਦੇ ਖੇਤਾਂ 'ਚ ਇਕੱਠੀ ਹੋਈ ਰੇਤ ਵੇਚਣ ਦੇ ਅਧਿਕਾਰ ਦੇਣ ਲਈ 'ਜਿਸਦਾ ਖੇਤ, ਉਸਦੀ ਰੇਤ' ਯੋਜਨਾ ਨੂੰ ਪ੍ਰਵਾਨਗੀ ਦਿਤੀ ਗਈ ਏ । ਹੜ੍ਹਾਂ ਕਾਰਨ ਤਬਾਹ ਹੋਈਆਂ ਫ਼ਸਲਾਂ ਦਾ 20 ਹਜ਼ਾਰ ਰੁਪਏ ਪ੍ਰਤੀ ਏਕੜ ਮੁਆਵਜ਼ਾ ਵੀ ਦਿੱਤਾ ਜਾਵੇਗਾ। ਹੜ੍ਹਾਂ ਦੌਰਾਨ ਜਾਨ ਗਵਾਉਣ ਵਾਲਿਆਂ ਦੇ ਪਰਿਵਾਰਕ ਮੈਂਬਰਾਂ ਨੂੰ 4 ਲੱਖ ਰੁਪਏ ਵਿੱਤੀ ਸਹਾਇਤਾ ਦੇਣ ਨੂੰ ਵੀ ਪ੍ਰਵਾਨਗੀ ਦਿਤੀ ਗਈ ਏ।

BYTE

ਇਸ ਤੋਂ ਅਲਾਵਾ ਓਹਨਾ ਕਿਹਾ ਕੇ ਪ੍ਰਭਾਵਿਤ ਖੇਤਰਾਂ ਵਿਚ ਮੱਛਰਾਂ ਤੋਂ ਬਚਾਅ ਲਈ ਛਿੜਕਾਅ ਵੀ ਕਰਵਾਇਆ ਜਾਵੇਗਾ ਅਤੇ ਸਾਫ ਸਫਾਈ ਦਾ ਖਿਆਲ ਵੀ ਰੱਖਿਆ ਜਾਵੇਗਾ । ਸ੍ਰੀ ਮਾਨ ਜੋ ਬੀਤੇ ਕੁਝ ਦੀਨਾ ਤੋਂ ਬਿਮਾਰ ਹੋਣ ਕਾਰਣ ਹਸਪਤਾਲ ਵਿਚ ਭਰਤੀ ਹਨ, ਨੇ ਦੱਸਿਆ ਕੇ ਓਹਨਾ ਦੀ ਸਿਹਤ ਵਿਚ ਵੀ ਸੁਧਾਰ ਹੋ ਰਿਹਾ ਏ ।

-------------------------------------------------------

ਭਾਰਤੀ ਜਨਤਾ ਪਾਰਟੀ ਦੇ ਸੂਬਾ ਪ੍ਰਧਾਨ ਸੁਨੀਲ ਜਾਖੜ ਨੇ ਕਿਹਾ ਕਿ ਜੇਕਰ ਭਗਵੰਤ ਮਾਨ ਸਰਕਾਰ ਨੇ ਪ੍ਰਚਾਰ ਅਤੇ ਸਵੈ-ਪ੍ਰਮੋਸ਼ਨ 'ਤੇ ਸੂਬੇ ਦਾ ਪੈਸਾ ਖਰਚਣ ਦੀ ਬਜਾਏ ਪ੍ਰਧਾਨ ਮੰਤਰੀ ਫਸਲ ਬੀਮਾ ਯੋਜਨਾ ਨੂੰ ਲਾਗੂ ਕਰਨ ਲਈ ਆਪਣਾ ਹਿੱਸਾ ਪ੍ਰੀਮੀਅਮ ਅਦਾ ਕੀਤਾ ਹੁੰਦਾ, ਤਾਂ ਅੱਜ ਪ੍ਰਭਾਵਿਤ ਕਿਸਾਨਾਂ ਨੂੰ ਹੋਏ ਨੁਕਸਾਨ ਦੀ ਭਰਪਾਈ ਇਸ ਯੋਜਨਾ ਰਾਹੀਂ ਆਸਾਨੀ ਨਾਲ ਕੀਤੀ ਜਾ ਸਕਦੀ ਸੀ।  ਇੱਕ ਬਿਆਨ ਵਿੱਚ, ਸੁਨੀਲ ਜਾਖੜ ਨੇ ਕਿਹਾ ਕਿ ਕੁਦਰਤੀ ਆਫਤਾਂ, ਕੀੜਿਆਂ ਜਾਂ ਬਿਮਾਰੀਆਂ ਕਾਰਨ ਹੋਣ ਵਾਲੇ ਨੁਕਸਾਨ ਨੂੰ ਕਵਰ ਕਰਨ ਵਾਲੀ ਇਹ

ਯੋਜਨਾ 2016 ਵਿੱਚ ਸ਼ੁਰੂ ਕੀਤੀ ਗਈ ਸੀ। ਬਾਅਦ ਵਿੱਚ, ਭਾਰਤ ਸਰਕਾਰ ਨੇ ਸੂਬਾ ਸਰਕਾਰਾਂ ਦੇ ਸੁਝਾਵਾਂ ਨੂੰ ਮੰਨ ਕੇ ਯੋਜਨਾ ਵਿੱਚ ਜ਼ਰੂਰੀ ਬਦਲਾਅ ਕੀਤੇ, ਅਤੇ ਇਸ ਤੋਂ ਬਾਅਦ ਲਗਭਗ ਸਾਰੇ ਸੂਬਿਆਂ ਨੇ ਇਸ ਨੂੰ ਅਪਣਾ ਲਿਆ, ਪਰ ਪੰਜਾਬ ਸਰਕਾਰ ਨੇ ਹੁਣ ਤੱਕ ਇਸ ਨੂੰ ਲਾਗੂ ਨਹੀਂ ਕੀਤਾ। ਸ਼ਾਇਦ ਇਸ ਡਰ ਕਾਰਨ ਕਿ ਇਸ ਦਾ ਸਿਹਰਾ ਬੀ.ਜੇ.ਪੀ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਨੂੰ ਜਾ ਸਕਦਾ ਏ , ਜਿਸ ਦੇ ਨਤੀਜੇ ਵਜੋਂ ਅੱਜ ਪੰਜਾਬ ਦੇ ਹਜ਼ਾਰਾਂ ਕਿਸਾਨ ਇਸ ਦੇ ਲਾਭ ਤੋਂ ਵੰਚਿਤ ਹਨ। ਉਨ੍ਹਾਂ ਦੱਸਿਆ ਕਿ ਇਸ ਯੋਜਨਾ ਅਧੀਨ, ਕਿਸਾਨ ਨੂੰ ਸਿਰਫ਼ ਬੀਮਾ ਰਕਮ ਦਾ 2 ਫੀਸਦੀ ਅਦਾਇਗੀ ਕਰਨੀ ਪੈਂਦੀ ਏ , ਜਦਕਿ ਬਾਕੀ ਪ੍ਰੀਮੀਅਮ ਨੂੰ ਸੂਬਾ ਅਤੇ ਕੇਂਦਰ ਸਰਕਾਰ ਬਰਾਬਰ ਹਿੱਸਿਆਂ ਵਿੱਚ ਵੰਡਦੀਆਂ ਹਨ। ਸੁਨੀਲ ਜਾਖੜ ਨੇ ਕਿਹਾ ਕਿ ਦੇਸ਼ ਭਰ ਵਿੱਚ 4 ਕਰੋੜ ਤੋਂ ਵੱਧ ਕਿਸਾਨ ਇਸ ਯੋਜਨਾ ਨਾਲ ਲਾਭ ਉਠਾ ਰਹੇ ਹਨ। ਉਨ੍ਹਾਂ ਦੱਸਿਆ ਕਿ ਸਾਡੇ ਗੁਆਂਢੀ ਸੂਬੇ ਹਰਿਆਣਾ ਵਿੱਚ, ਇੱਕ ਕਿਸਾਨ ਝੋਨੇ ਦੀ ਫਸਲ ਲਈ ਪ੍ਰਤੀ ਏਕੜ ਲਗਭਗ 850 ਰੁਪਏ ਪ੍ਰੀਮੀਅਮ ਵਜੋਂ ਦਿੰਦਾ ਏ ਅਤੇ ਉਸ ਨੂੰ ਪ੍ਰਤੀ ਏਕੜ ਲਗਭਗ 42,000

ਰੁਪਏ ਤੱਕ ਦਾ ਬੀਮਾ ਕਵਰੇਜ ਮਿਲਦਾ ਏ । ਸੁਨੀਲ ਜਾਖੜ ਨੇ ਕਿਹਾ ਕਿ ਆਪ ਸਰਕਾਰ ਨੇ ਵੀ ਦਾਅਵਾ ਕੀਤਾ ਸੀ ਕਿ ਸੂਬੇ ਦੀ ਨਵੀਂ ਖੇਤੀਬਾੜੀ ਨੀਤੀ ਅਨੁਸਾਰ, ਉਹ ਇੱਕ ਬੀਮਾ ਨੀਤੀ ਸ਼ੁਰੂ ਕਰਨਗੇ, ਪਰ ਸਰਕਾਰ ਅਜਿਹਾ ਕਰਨ ਵਿੱਚ ਅਸਫਲ ਰਹੀ ਏ  ਅਤੇ ਭਾਰਤ ਸਰਕਾਰ ਦੀ ਪੀਐਮ ਫਸਲ ਬੀਮਾ ਯੋਜਨਾ ਨੂੰ ਵੀ ਲਾਗੂ ਨਹੀਂ ਕੀਤਾ।

--------------------------------------------------

ਆਜ਼ਾਦੀ ਦਿਵਸ 'ਤੇ, ਲਾਲ ਕਿਲ੍ਹੇ ਦੀ ਫਸੀਲ ਤੋਂ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਦੀਵਾਲੀ ਤੱਕ ਅਗਲੀ ਪੀੜ੍ਹੀ ਦੇ ਜੀਐਸਟੀ ਸੁਧਾਰਾਂ ਦਾ ਐਲਾਨ ਕੀਤਾ ਸੀ। ਸ਼੍ਰੀ ਮੋਦੀ ਦਾ ਇੱਕ ਵਧੇਰੇ ਕੁਸ਼ਲ ਅਤੇ ਲੋਕ-ਅਨੁਕੂਲ ਅਰਥਵਿਵਸਥਾ ਬਣਾਉਣ ਦਾ ਇਹ ਸੁਪਨਾ, 3 ਸਤੰਬਰ ਨੂੰ ਸਾਕਾਰ ਹੋਇਆ, ਜਦੋਂ ਜੀ.ਐਸ.ਟੀ ਕੌਂਸਲ ਨੇ ਆਮ ਆਦਮੀ 'ਤੇ ਧਿਆਨ ਕੇਂਦਰਿਤ ਕਰਦੇ ਹੋਏ, ਦਰਾਂ ਨੂੰ ਤਰਕਸੰਗਤ ਬਣਾਉਣ ਨੂੰ ਮਨਜ਼ੂਰੀ ਦਿੱਤੀ। ਕੌਂਸਲ ਨੇ ਪੁਰਾਣੀ ਟੈਕਸ ਪ੍ਰਣਾਲੀ ਵਿੱਚ, 5 ਫ਼ੀਸਦੀ, 12 ਫ਼ੀਸਦੀ, 18 ਫ਼ੀਸਦੀ ਅਤੇ 28 ਫ਼ੀਸਦੀ ਦੀਆਂ ਦਰਾਂ ਨੂੰ ਸਰਲ ਬਣਾ ਕੇ, 5 ਫ਼ੀਸਦੀ ਅਤੇ 18 ਫ਼ੀਸਦੀ ਦੀਆਂ ਦੋ ਦਰਾਂ 'ਚ ਬਦਲ ਦਿੱਤਾ ਏ।

ਇਹਨਾਂ ਸੁਧਾਰਾਂ ਨੇ ਕਈ ਖੇਤਰਾਂ ਵਿੱਚ ਟੈਕਸ ਦਰਾਂ ਘਟਾ ਕੇ ਨਾਗਰਿਕਾਂ ਲਈ ਜੀਵਨ ਨੂੰ ਆਸਾਨ ਬਣਾਉਣ ਦੀ ਕੋਸ਼ਿਸ਼ ਕੀਤੀ ਏ। ਅੱਜ ਅਸੀਂ ਨਵਿਆਉਣਯੋਗ ਊਰਜਾ ਖੇਤਰ ਵਿੱਚ ਕੀਤੇ ਗਏ ਸੁਧਾਰਾਂ 'ਤੇ ਨਜ਼ਰ ਮਾਰਦੇ ਹਾਂ।

ਇੱਕ ਰਿਪੋਰਟ

ਊਰਜਾ ਖੇਤਰ ਲਈ ਇੱਕ ਵੱਡੇ ਸੁਧਾਰ ਵਿੱਚ, ਸੋਲਰ ਕੁੱਕਰ ਅਤੇ ਫੋਟੋਵੋਲਟੇਇਕ ਸੈੱਲਾਂ ਤੋਂ ਲੈ ਕੇ ਵਿੰਡਮਿਲ ਉਪਕਰਣਾਂ, ਬਾਇਓਗੈਸ ਪਲਾਂਟਾਂ ਅਤੇ ਰਹਿੰਦ-ਖੂੰਹਦ ਤੋਂ ਊਰਜਾ ਪ੍ਰਣਾਲੀਆਂ ਤੱਕ ਨਵਿਆਉਣਯੋਗ ਊਰਜਾ ਉਪਕਰਣਾਂ 'ਤੇ GST ਨੂੰ 12 ਫ਼ੀਸਦੀ ਤੋਂ ਘਟਾ ਕੇ, 5 ਫ਼ੀਸਦੀ ਕਰ ਦਿੱਤਾ ਗਿਆ ਏ। ਇਸ ਨਾਲ ਪ੍ਰੋਜੈਕਟ ਲਾਗਤਾਂ ਵਿੱਚ ਕਮੀ ਆਉਣ, ਸਾਫ਼-ਸੁਥਰੀ ਊਰਜਾ ਨੂੰ ਅਪਣਾਉਣ ਲਈ ਉਤਸ਼ਾਹਿਤ ਕਰਨ ਅਤੇ ਘਰਾਂ ਤੇ ਉਦਯੋਗਾਂ ਲਈ ਚੁਗਿਰਦੇ ਪੱਖੀ ਤਕਨਾਲੋਜੀਆਂ ਨੂੰ ਵਧੇਰੇ ਕਿਫਾਇਤੀ ਬਣਾਉਣ ਦੀ ਉਮੀਦ ਏ। ਦੂਜੇ ਪਾਸੇ, ਕੋਲਾ ਅਤੇ ਲਿਗਨਾਈਟ 'ਤੇ GST ਨੂੰ 5 ਫ਼ੀਸਦੀ ਤੋਂ ਵਧਾ ਕੇ, 18 ਫ਼ੀਸਦੀ ਕਰ ਦਿੱਤਾ ਗਿਆ ਏ, ਜਿਸ ਨਾਲ ਜੈਵਿਕ ਈਂਧਣ ਦੀ ਥਾਂ ਸਾਫ-ਸੁਥਰੀ

ਊਰਜਾ ਦੀ ਵਰਤੋਂ ਨੂੰ ਉਤਸ਼ਾਹਿਤ ਕੀਤਾ ਗਿਆ ਏ। ਇਲੈਕਟ੍ਰਿਕ ਵਾਹਨ ਸਭ ਤੋਂ ਘੱਟ 5 ਫ਼ੀਸਦੀ ਟੈਕਸ ਸਲੈਬ ਦੇ ਅਧੀਨ ਰਹਿਣਗੇ। ਚੁਗਿਰਦਾ, ਜੰਗਲਾਤ ਅਤੇ ਜਲਵਾਯੂ ਤਬਦੀਲੀ ਬਾਰੇ ਮੰਤਰੀ ਭੂਪੇਂਦਰ ਯਾਦਵ ਨੇ ਅਗਲੀ ਪੀੜ੍ਹੀ ਦੇ GST ਸੁਧਾਰਾਂ ਦੀ ਸ਼ਲਾਘਾ ਕੀਤੀ ਏ। ਉਨ੍ਹਾਂ ਕਿਹਾ ਏ ਕਿ ਜੀਐਸਟੀ ਸੁਧਾਰ, ਸਾਫ਼-ਸੁਥਰੀ ਅਤੇ ਚੁਗਿਰਦੇ ਪੱਖੀ ਊਰਜਾ ਅਪਣਾਉਣ ਨੂੰ ਅੱਗੇ ਵਧਾਉਣ, ਰਹਿੰਦ-ਖੂੰਹਦ ਪ੍ਰਬੰਧਨ ਵਿੱਚ ਸੁਧਾਰ ਕਰਨ, ਨਿਕਾਸ ਘਟਾਉਣ ਅਤੇ ਚੁਗਿਰਦਾ ਪ੍ਰਣਾਲੀਆਂ ਦੀ ਰੱਖਿਆ ਕਰਨ ਵਿੱਚ ਮਦਦ ਕਰਨਗੇ।

--------------------------------------------------------------

ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ 5 ਨਸ਼ਾ ਤਸਕਰਾਂ ਨੂੰ 8 ਕਿਲੋ ਤੋਂ ਵੱਧ ਹੈਰੋਇਨ ਸਮੇਤ ਗ੍ਰਿਫਤਾਰ ਕੀਤਾ ਏ । ਪੰਜਾਬ ਪੁਲਿਸ ਦੇ ਮੁਖੀ ਗੌਰਵ ਯਾਦਵ ਨੇ ਦਸਿਆ ਕਿ ਪੁਲਿਸ ਨੇ ਸੋਨੀ ਸਿੰਘ ਉਰਫ਼ ਸੋਨੀ ਨੂੰ, ਉਸਦੇ ਚਾਰ ਸਾਥੀਆਂ ਸਮੇਤ ਗ੍ਰਿਫ਼ਤਾਰ ਕਰਕੇ ਹੈਰੋਇਨ ਤਸਕਰੀ ਕਾਰਟੈਲ ਦਾ ਪਰਦਾਫਾਸ਼ ਕੀਤਾ ਏ । ਗ੍ਰਿਫਤਾਰ ਕੀਤੇ ਗਏ ਵਿਅਕਤੀਆਂ ਦੇ ਕਬਜ਼ੇ ਵਿੱਚੋਂ 8 ਕਿਲੋ 10 ਗ੍ਰਾਮ ਹੈਰੋਇਨ ਬਰਾਮਦ ਕੀਤੀ ਏ ।

ਗ੍ਰਿਫ਼ਤਾਰ ਕੀਤੇ ਗਏ ਹੋਰ ਚਾਰ ਨਸ਼ਾ ਤਸਕਰਾਂ ਦੀ ਪਛਾਣ ਗੁਰਸੇਵਕ ਸਿੰਘ, ਵਿਸ਼ਾਲਦੀਪ ਸਿੰਘ ਉਰਫ਼ ਗੋਲਾ, ਗੁਰਪ੍ਰੀਤ ਸਿੰਘ ਅਤੇ ਅਰਸ਼ਦੀਪ ਸਿੰਘ ਵਜੋਂ ਹੋਈ ਏ।  ਇਹ ਸਾਰੇ ਅੰਮ੍ਰਿਤਸਰ ਦੇ ਅਜਨਾਲਾ ਦੇ ਰਹਿਣ ਵਾਲੇ ਨੇ। ਡੀ.ਜੀ.ਪੀ ਨੇ ਦੱਸਿਆ ਕਿ ਸਿੰਡੀਕੇਟ ਪਾਕਿਸਤਾਨ ਨਾਲ ਸਬੰਧਤ ਸੀ ਅਤੇ ਭਾਰਤੀ ਖੇਤਰ ਵਿੱਚ ਹੈਰੋਇਨ ਦੀਆਂ ਵੱਡੀਆਂ ਖੇਪਾਂ ਪਹੁੰਚਾਉਣ ਲਈ ਡਰੋਨਾਂ ਦੀ ਵਰਤੋਂ ਕੀਤੀ ਜਾਂਦੀ ਸੀ। ਉਨ੍ਹਾਂ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਏ ਕਿ ਸਿੰਡੀਕੇਟ ਵੱਲੋਂ ਨੈੱਟਵਰਕ ਵਿੱਚ ਖੇਪਾਂ ਨੂੰ ਅੱਗੇ ਪਹੰਚਾਉਣ ਲਈ ਹੋਟਲਾਂ ਨੂੰ ਤਸਕਰੀ ਡੰਪ ਵਜੋਂ ਵਰਤਿਆ ਜਾਂਦਾ ਸੀ। ਪੁਲਿਸ ਮੁਖੀ ਨੇ  ਕਿਹਾ ਕਿ ਹੈਂਡਲਰਾਂ, ਸਪਲਾਈ ਚੇਨਾਂ ਅਤੇ ਵਿੱਤੀ ਨੈੱਟਵਰਕਾਂ ਦੀ ਪਛਾਣ ਕਰਨ ਲਈ ਅਗਲੇ-ਪਿਛਲੇ ਸਬੰਧ ਸਥਾਪਤ ਕਰਨ ਲਈ ਹੋਰ ਜਾਂਚ ਜਾਰੀ ਏ।

-------------------------------------------------------

**ਇਸਦੇ ਨਾਲ ਹੀ ਖਬਰਾਂ ਦਾ ਇਹ ਬੁਲੇਟਿਨ ਖਤਮ ਹੁੰਦਾ ਏ**

**ਖਬਰਾਂ ਦਾ ਅਗਲਾ ਰਾਸ਼ਟਰੀ ਬੁਲੇਟਿਨ ਤੁਸੀਂ ਸੁਣੋਗੇ**

**ਸ਼ਾਮ ਸਾਢੇ 7 ਵਜੇ. ਨਮਸਕਾਰ**